# Prime Minister Shri Narendra Modi speaks on telephone with H.E. Mr. Boris Johnson, Prime Minister of the United Kingdom

October 11, 2021

---

## ਪ੍ਰਧਾਨ ਮੰਤਰੀ ਨੇ ਯੂਨਾਈਟਿਡ ਕਿੰਗਡਮ ਦੇ ਪ੍ਰਧਾਨ ਮੰਤਰੀ ਮਹਾਮਹਿਮ ਬੋਰਿਸ ਜਾਨਸਨ ਨਾਲ ਟੈਲੀਫੋਨ ’ਤੇ ਗੱਲਬਾਤ ਕੀਤੀ

**11 ਅਕਤੂਬਰ, 2021**

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਯੂਨਾਈਟਿਡ ਕਿੰਗਡਮ ਦੇ ਪ੍ਰਧਾਨ ਮੰਤਰੀ ਮਹਾਮਹਿਮ ਬੋਰਿਸ ਜਾਨਸਨ ਨਾਲ ਟੈਲੀਫੋਨ ’ਤੇ ਗੱਲਬਾਤ ਕੀਤੀ।

ਦੋਹਾਂ ਨੇਤਾਵਾਂ ਨੇ ਇਸ ਸਾਲ ਦੀ ਸ਼ਰਆਤ ਵਿੱਚ ਆਪਣੇ ਵਰਚਅਲ ਸਮਿਟ ਦੇ ਬਾਅਦ ਤੋਂ ਦਵੱਲੇ ਸਬੰਧਾਂ ਵਿੱਚ ਹੋਈ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਵਰਚੁਅਲ ਸਮਿਟ ਦੌਰਾਨ ਅਪਣਾਏ ਗਏ ਰੋਡਮੈਪ 2030 ਤਹਿਤ ਉਠਾਏ ਗਏ ਕਦਮਾਂ ’ਤੇ ਸੰਤੁਸ਼ਟੀ ਪ੍ਰਗਟ ਕੀਤੀ। ਉਨ੍ਹਾਂ ਨੇ ਵਿਸਤਾਰਿਤ ਵਪਾਰ ਸਾਂਝੇਦਾਰੀ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ ਅਤੇ ਦੋਵੇਂ ਦੇਸ਼ਾਂ ਵਿਚਕਾਰ ਵਪਾਰ ਅਤੇ ਨਿਵੇਸ਼ ਨਾਲ ਜੁੜੇ ਸਬੰਧਾਂ ਵਿੱਚ ਤੇਜ਼ੀ ਨਾਲ ਵਿਸਤਾਰ ਦੀ ਸੰਭਾਵਨਾ ’ਤੇ ਸਹਿਮਤੀ ਪ੍ਰਗਟ ਕੀਤੀ।

ਦੋਹਾਂ ਨੇਤਾਵਾਂ ਨੇ ਨਵੰਬਰ 2021 ਦੀ ਸ਼ੁਰੂਆਤ ਵਿੱਚ ਗਲਾਸਗੋ ਵਿੱਚ ਹੋਣ ਵਾਲੀ ਯੂਐੱਨਐੱਫਸੀਸੀਸੀ ਸੀਓਪੀ-26 ਬੈਠਕ ਦੇ ਸੰਦਰਭ ਵਿੱਚ ਜਲਵਾਯੂ ਪਰਿਵਰਤਨ ਨਾਲ ਸਬੰਧਿਤ ਮੁੱਦਿਆਂ ’ਤੇ ਵਿਆਪਕ ਚਰਚਾ ਕੀਤੀ। ਪ੍ਰਧਾਨ ਮੰਤਰੀ ਨੇ ਜਲਵਾਯੂ ਪਰਿਵਰਤਨ ਨਾਲ ਸਬੰਧਿਤ ਕਾਰਵਾਈ ਪ੍ਰਤੀ ਭਾਰਤ ਦੀ ਪ੍ਰਤੀਬੱਧਤਾ ਤੋਂ ਜਾਣੂ ਕਰਵਾਇਆ ਜੋ ਕਿ ਅਖੁੱਟ ਊਰਜਾ ਦੇ ਵਿਸਤਾਰ ਨਾਲ ਸਬੰਧਿਤ ਇਸ ਦੇ ਖ਼ਾਹਿਸ਼ੀ ਲਕਸ਼ ਅਤੇ ਹਾਲ ਹੀ ਵਿੱਚ ਐਲਾਨੇ ਰਾਸ਼ਟਰੀ ਹਾਈਡਰੋਜਨ ਮਿਸ਼ਨ ਵਿੱਚ ਸਪਸ਼ਟ ਹੈ।

ਦੋਹਾਂ ਨੇਤਾਵਾਂ ਨੇ ਖੇਤਰੀ ਵਿਕਾਸ, ਵਿਸ਼ੇਸ਼ ਰੂਪ ਨਾਲ ਅਫ਼ਗਾਨਿਸਤਾਨ ਦੀ ਸਥਿਤੀ ਬਾਰੇ ਵੀ ਵਿਚਾਰਾਂ ਦਾ ਅਦਾਨ-ਪ੍ਰਦਾਨ ਕੀਤਾ। ਇਸ ਸੰਦਰਭ ਵਿੱਚ ਉਹ ਉਗਵਾਦ ਅਤੇ ਆਤੰਕਵਾਦ ਦੇ ਨਾਲ ਨਾਲ ਮਨੁੱਖੀ ਅਧਿਕਾਰਾਂ ਅਤੇ ਮਹਿਲਾਵਾਂ ਤੇ ਘੱਟ ਗਿਣਤੀਆਂ ਦੇ ਅਧਿਕਾਰਾਂ ਨਾਲ ਸਬੰਧਿਤ ਮੁੱਦਿਆਂ ’ਤੇ ਇੱਕ ਸਾਂਝਾ ਅੰਤਰਰਾਸ਼ਟਰੀ ਦ੍ਰਿਸ਼ਟੀਕੋਣ ਵਿਕਸਿਤ ਕਰਨ ਦੀ ਜ਼ਰੂਰਤ ’ਤੇ ਸਹਿਮਤ ਹੋਏ।

**ਨਵੀ ਦੱਲੀ**

**11 ਅਕਤੂਬਰ, 2021**

DISCLAIMER: This is an approximate translation. The original is available in English on MEA’s website and may be referred to as the official press release.